2 to 5
NOC
95

ਨੰ: 11/ 24 /2001-2ਸਿ3/ 15528

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਵੱਲ

ਪ੍ਰਿੰਸੀਪਲ,
ਭਾਰਤੀਆ ਵਿਦਿਆ ਮੰਦਿਰ
ਕਿਚਲੂ ਨਗਰ
ਲੁਧਿਆਣਾ

[illegible] :

ਮਿਤੀ, ਚੰਡੀਗੜ੍ਹ: 14/8/2001

ਵਿਸ਼ਾ:- ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਬਤ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪ ਦੇ ਪੱਤਰ ਨੰ: ਨਿੱਲ ਮਿਤੀ ਨਿੱਲ ਦੇ ਹਵਾਲੇ ਵਿਚ।

2. ਆਪ ਦੇ ਸਕੂਲ ਦੀ ਮੈਨੇਜਮੈਂਟ ਵਲੋਂ ਪੇਸ਼ ਕੀਤੇ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ ਜ਼ਿਲ੍ਹਾ ਸਿੱਖਿਆ ਅਫਸਰ ਲੁਧਿਆਣਾ ਅਤੇ ਡੀ.ਪੀ.ਆਈ (ਪ੍ਰਾਈਵੇਟ ਏਡਿਡ(ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਇਸ ਸ਼ਰਤ ਤੇ ਦਿੱਤਾ ਜਾਂਦਾ ਹੈ ਕਿ ਭਵਿੱਖ ਵਿਚ ਕਿਸੇ ਵੀ ਸ਼ਿਕਾਇਤ - ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸ ਦਿੱਤੀ ਗਈ ਅਤੇ/ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀਂ ਕੀਤੀ ਤੇ ਇਸ ਤਰ੍ਹਾਂ ਹਲਫੀਆ ਬਿਆਨ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ ਅਤੇ

3. ਇਹ ਸ਼ਰਤ ਵੀ ਲਗਾਈ ਜਾਂਦੀ ਹੈ ਕਿ ਆਪ ਦੇ ਸਕੂਲ ਵਿਚ ਪੰਜਾਬੀ ਨੂੰ ਲਾਜ਼ਮੀ ਵਿਸ਼ੇ ਦੇ ਤੌਰ ਤੇ ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਨਿਰਧਾਰਿਤ ਕੀਤੇ ਪਹਿਲੀ ਕਲਾਸ ਤੋਂ ਦਸਵੀਂ ਕਲਾਸ ਦੇ ਸਿਲੇਬਸ ਅਨੁਸਾਰ ਹਰ ਵਿਦਿਆਰਥੀ ਨੂੰ ਪੜ੍ਹਾਉਣਾ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਅਜਿਹੇ ਸਕੂਲਾਂ ਵਿਚ ਪੰਜਾਬੀ ਦੇ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ

ਚਲਦਾ ਪੰਨਾ...2.

Principal
BHARTIYA VIDYA MANDIR
Kitchlu Nagar, Ludhiana.

Manager
Bhartiya Vidya Mandir
Kitchlu Nagar, Ludhiana

ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਸ ਗੱਲ ਨੂੰ ਵੀ ਯਕੀਨੀ ਬਣਾਉਗੇ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿਖਿਆ ਅਫਸਰ ਵਲੋਂ ਅਤੇ ਸਿਖਿਆ ਵਿਭਾਗ ਦੇ ਉਚ-ਅਧਿਕਾਰੀਆਂ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਜਾਂ ਸਕੂਲ ਦੀ ਇੰਨਸਪੈਕਸ਼ਨ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਸੰਯੁਕਤ ਸਕੱਤਰ ਸਿਖਿਆ

ਪਿਠ ਅੰਕਣ ਨੰ: 11/ ੨੫ /2001/2ਸਿ3/

ਮਿਤੀ:

ਉਤਾਰਾ ਡਾਇਰੈਕਟਰ ਸਿਖਿਆ ਵਿਭਾਗ( ਪ੍ਰਾਈਵੇਟ ਏਡਿਡ(ਸ) ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/ 9 /2001-ਗ੍ਰਾਂਟ 1(3) ਮਿਤੀ 12/7/2001 ਦੇ ਹਵਾਲੇ ਵਿਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿਚ ਘੱਟੋ ਘੱਟ ਇਕ ਵਾਰ ਇੰਨਸਪੈਕਸ਼ਨ ਹਰ ਹਾਲਤ ਵਿਚ ਕਰਵਾਈ ਜਾਵੇ ਅਤੇ ਇਨਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਿਹਾ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਸੰਯੁਕਤ ਸਕੱਤਰ ਸਿਖਿਆ

NOTARY GOVT. OF INDIA

Verified to be true copy

Notary Public Ludhiana Distt. (Pb)

23/8/2001